ਰਾਗੁ ਗਉੜੀ ਮਾਝ ਮਹਲਾ ੪ ॥ ਗੁਰਮੁਖਿ ਜਿੰਦੂ ਜਪਿ ਨਾਮੁ ਕਰੰਮਾ ॥ ਮਤਿ ਮਾਤਾ ਮਤਿ ਜੀਉ ਨਾਮੁ ਮੁਖਿ ਰਾਮਾ ॥ ਸੰਤੋਖੁ ਪਿਤਾ ਕਰਿ ਗੁਰੁ ਪੁਰਖੁ ਅਜਨਮਾ ॥ ਵਡਭਾਗੀ ਮਿਲੁ ਰਾਮਾ ॥੧॥ ਗੁਰੁ ਜੋਗੀ ਪੁਰਖੁ ਮਿਲਿਆ ਰੰਗੁ ਮਾਣੀ ਜੀਉ ॥ ਗੁਰੁ ਹਰਿ ਰੰਗਿ ਰਤੜਾ ਸਦਾ ਨਿਰਬਾਣੀ ਜੀਉ ॥ ਵਡਭਾਗੀ ਮਿਲੁ ਸੁਘੜ ਸੁਜਾਣੀ ਜੀਉ ॥ ਮੇਰਾ ਮਨੁ ਤਨੁ ਹਰਿ ਰੰਗਿ ਭਿੰਨਾ ॥ ੨ ॥ ਆਵਹੁ ਸੰਤਹੁ ਮਿਲਿ ਨਾਮੁ ਜਪਾਹਾ ॥ ਵਿਚਿ ਸੰਗਤਿ ਨਾਮੁ ਸਦਾ ਲੈ ਲਾਹਾ ਜੀਉ ॥ ਕਰਿ ਸੇਵਾ ਸੰਤਾ ਅੰਮ੍ਰਿਤੁ ਮੁਖਿ ਪਾਹਾ ਜੀਉ ॥ ਮਿਲੁ ਪੂਰਬਿ ਲਿਖਿਅੜੇ ਧੁਰਿ ਕਰਮਾ ॥੩॥ ਸਾਵਣਿ ਵਰਸੁ ਅੰਮ੍ਰਿਤਿ ਜਗੁ ਛਾਇਆ ਜੀਉ ॥ ਮਨੁ ਮੋਰੁ ਕੁਹੁਕਿਅੜਾ ਸਬਦੁ ਮੁਖਿ ਪਾਇਆ ॥ ਹਰਿ ਅੰਮ੍ਰਿਤੁ ਵੁਠੜਾ ਮਿਲਿਆ ਹਰਿ ਰਾਇਆ ਜੀਉ ॥ ਜਨ ਨਾਨਕ ਪ੍ਰੇਮਿ ਰਤੰਨਾ ॥੪॥੧॥੨੭॥੬੫॥ {ਪੰਨਾ 172-173}

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਜਿੰਦੂ—ਹੇ ਜਿੰਦੇ! ਕਰੰਮਾ—ਭਾਗ (ਜਾਗ ਪਏ ਹਨ)। ਮਤਿ—(ਗੁਰੂ ਦੀ ਦਿੱਤੀ ਹੋਈ) ਅਕਲ। ਜੀਉ—ਜੀਵਨ (ਦਾ ਆਸਰਾ)। ਮੁਖਿ—ਮੂੰਹ ਨਾਲ। ਅਜਨਮਾ—ਜਨਮ-ਰਹਿਤ।1।

ਜੋਗੀ—(ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ। ਰੰਗੁ—ਆਤਮਕ ਆਨੰਦ। ਮਾਣੀ—ਮੈਂ ਮਾਣਦਾ ਹਾਂ। ਰੰਗਿ—ਆਨੰਦ ਵਿਚ। ਨਿਰਬਾਣੀ—ਵਾਸਨਾ-ਰਹਿਤ। ਸੁਘੜ—(ਜੀਵਨ ਦੀ) ਸੋਹਣੀ ਘਾੜਤ ਵਾਲਾ। ਸੁਜਾਣੀ—ਸਿਆਣਾ।2।

ਜਪਾਹਾ—ਅਸੀਂ ਜਪੀਏ। ਮਿਲਿ—ਮਿਲ ਕੇ (ਨੋਟ:- ਲਫ਼ਜ਼ 'ਮਿਲੁ' ਅਤੇ 'ਮਿਲਿ' ਦੇ ਅਰਥ ਵਿਚ ਫ਼ਰਕ ਚੇਤੇ ਰੱਖਣ ਦੀ ਲੋੜ ਹੈ)। ਲਾਹਾ—ਲਾਭ, ਖੱਟੀ। ਪਾਹਾ—ਅਸੀਂ ਪਾਈਏ। ਧੁਰਿ—ਧੁਰੋਂ, ਪ੍ਰਭੂ ਦੀ ਹਜ਼ੂਰੀ ਤੋਂ। ਕਰਮਾ—ਬਖ਼ਸ਼ਸ਼ (ਦਾ ਲੇਖ)।3।

ਸਾਵਣਿ—ਸਾਵਣ ਵਿਚ। ਵਰਸੁ—ਬੱਦਲ। ਅੰਮ੍ਰਿਤਿ—ਅੰਮ੍ਰਿਤ ਨਾਲ, ਜਲ ਨਾਲ। ਕੁਹੁਕਿਅੜਾ—'ਕੁਹ ਕੁਹ' ਕਰਦਾ ਹੈ, ਆਪਣੀ ਮਿੱਠੀ ਬੋਲੀ ਬੋਲਦਾ ਹੈ। ਮੁਖਿ—ਮੂੰਹ ਵਿਚ। ਵੁਠੜਾ—ਆ ਵੱਸਿਆ। ਪ੍ਰੇਮਿ—ਪ੍ਰੇਮ ਵਿਚ। ਰਤੰਨਾ—ਰੱਤਾ ਹੋਇਆ।4।

ਅਰਥ:- ਹੇ (ਮੇਰੀ) ਜਿੰਦੇ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ) ਨਾਮ ਜਪੋ, (ਤੇਰੇ) ਭਾਗ (ਜਾਗ ਪਏ ਹਨ)। (ਹੇ ਜਿੰਦੇ! ਗੁਰੂ ਦੀ ਦਿੱਤੀ) ਮਤਿ ਨੂੰ (ਆਪਣੀ) ਮਾਂ ਬਣਾ, ਤੇ ਮਤਿ ਨੂੰ ਹੀ ਜੀਵਨ (ਦਾ ਆਸਰਾ ਬਣਾ), ਰਾਮ ਦਾ ਨਾਮ ਮੂੰਹ ਨਾਲ ਜਪ। (ਹੇ ਜਿੰਦੇ!) ਸੰਤੋਖ ਨੂੰ ਪਿਤਾ ਬਣਾ, ਅਜੋਨੀ ਅਕਾਲ ਪੁਰਖ ਦੇ ਰੂਪ ਗੁਰੂ ਦੀ ਸਰਨ ਪਉ। ਹੇ ਜਿੰਦੇ! ਮਿਲ ਰਾਮ ਨੂੰ, ਤੇਰੇ ਭਾਗ ਚੰਗੇ ਹੋ ਗਏ ਹਨ।1।

(ਹੇ ਭਾਈ!) ਪ੍ਰਭੂ ਦਾ ਰੂਪ ਜੋਗੀ-ਰੂਪ ਮਿਲ ਪਿਆ ਹੈ (ਉਸ ਦੀ ਕਿਰਪਾ ਨਾਲ) ਮੈਂ ਆਤਮਕ ਆਨੰਦ ਮਾਣਦਾ ਹਾਂ। ਗੁਰੂ ਸਦਾ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਤੇ ਗੁਰੂ ਸਦਾ ਵਾਸਨਾ-ਰਹਿਤ ਹੈ। ਹੇ ਵੱਡੇ ਭਾਗਾਂ ਵਾਲੇ! ਉਸ ਸੋਹਣੇ ਜੀਵਨ ਵਾਲੇ ਸੁਜਾਨ ਗੁਰੂ ਨੂੰ ਮਿਲ। (ਗੁਰੂ ਦੀ ਕਿਰਪਾ ਨਾਲ ਹੀ) ਮੇਰਾ ਮਨ ਮੇਰਾ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜ ਗਿਆ ਹੈ।2।

ਹੇ ਸੰਤ ਜਨੋ! ਆਓ, ਅਸੀਂ ਰਲ ਕੇ ਪਰਮਾਤਮਾ ਦਾ ਨਾਮ ਜਪੀਏ। (ਹੇ ਭਾਈ!) ਸਾਧ ਸੰਗਤਿ ਵਿਚ ਮਿਲ ਕੇ ਸਦਾ ਹਰਿ-ਨਾਮ ਦੀ ਖੱਟੀ ਖੱਟ। (ਹੇ ਭਾਈ! ਆਓ, ਸਾਧ ਸੰਗਤਿ ਵਿਚ) ਗੁਰਮੁਖਾਂ ਦੀ ਸੇਵਾ ਕਰ ਕੇ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਭੋਜਨ ਪਾਈਏ। (ਹੇ ਜਿੰਦੇ!) ਮਿਲ ਪ੍ਰਭੂ ਨੂੰ, ਪ੍ਰਭੂ ਦੀ ਦਰਗਾਹ ਤੋਂ ਉਸ ਦੀ ਬਖ਼ਸ਼ਸ਼ ਦੇ ਪੂਰਬਲੇ ਸਮੇ ਦੇ ਲੇਖ ਜਾਗ ਪਏ ਹਨ।3।

(ਜਿਵੇਂ) ਸਾਵਣ (ਦੇ ਮਹੀਨੇ) ਵਿਚ ਬੱਦਲ (ਵਰ੍ਹਦਾ ਹੈ ਤੇ) ਜਗਤ ਨੂੰ (ਧਰਤੀ ਨੂੰ) ਜਲ ਨਾਲ ਭਰਪੂਰ ਕਰ ਦੇਂਦਾ ਹੈ (ਉਸ ਬੱਦਲ ਨੂੰ ਵੇਖ ਵੇਖ ਕੇ) ਮੋਰ ਆਪਣੀ ਮਿੱਠੀ ਬੋਲੀ ਬੋਲਦਾ ਹੈ, (ਤਿਵੇਂ ਗੁਰੂ) ਨਾਮ-ਅੰਮ੍ਰਿਤ ਨਾਲ ਜਗਤ ਨੂੰ ਪ੍ਰਭਾਵਿਤ ਕਰਦਾ ਹੈ (ਜਿਸ ਵਡ-ਭਾਗੀ ਉਤੇ ਮਿਹਰ ਹੁੰਦੀ ਹੈ ਉਸ ਦਾ) ਮਨ ਉਛਾਲੇ ਮਾਰਦਾ ਹੈ (ਉਹ ਮਨੁੱਖ ਗੁਰੂ ਦੇ) ਸ਼ਬਦ ਨੂੰ ਆਪਣੇ ਮੂੰਹ ਵਿਚ ਪਾਂਦਾ ਹੈ। ਹੇ ਦਾਸ ਨਾਨਕ! (ਜਿਸ ਮਨੁੱਖ ਦੇ ਹਿਰਦੇ ਵਿਚ) ਨਾਮ ਅੰਮ੍ਰਿਤ ਆ ਵੱਸਦਾ ਹੈ (ਜਿਸ ਨੂੰ) ਪਰਮਾਤਮਾ ਮਿਲ ਪੈਂਦਾ ਹੈ ਉਹ ਪ੍ਰਭੂ-ਪ੍ਰੇਮ ਵਿਚ ਰੰਗਿਆ ਜਾਂਦਾ ਹੈ।4।1। 27। 65।